# ਲੋਕ ਸੰਪਰਕ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ

www.chandigarh.gov.in

## ਪ੍ਰੈਸ ਨੋਟ

ਚੰਡੀਗੜ੍ਹ, ਮਾਰਚ 9:- ਪੋਸਟ ਗ੍ਰੈਜੂਏਟ ਗੌਰਮਿੰਟ ਕਾਲਜ਼, ਸੈਕਟਰ 46 ਵਿਚ ਅੱਜ 28ਵੇਂ ਸਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਯੂਟੀ ਪ੍ਰਸ਼ਾਸਕ ਦੇ ਸਲਾਹਕਾਰ ਸ਼੍ਰੀ ਪ੍ਰਦੀਪ ਮਹਿਰਾ ਮੁੱਖ ਮਹਿਮਾਨ ਦੇ ਤੌਰ ਤੇ ਜਦੋਂਕਿ ਵਿਸ਼ੇਸ਼ ਸਕੱਤਰ ਵਿੱਤ ਅਤੇ ਹਾਇਰ ਐਜੂਕੇਸ਼ਨ ਨਿਰਦੇਸ਼ਕ ਸ਼੍ਰੀ ਅਜੋਏ ਸ਼ਰਮਾ ਗੈਸਟ ਆਫ ਆਨਰ ਦੇ ਤੌਰ ਤੇ ਸ਼ਾਮਿਲ ਹੋਏ।

ਪ੍ਰੋਗਰਾਮ ਦੀ ਸ਼ੁਰੂਆਤ ਦੀਪ ਜਲਾਉਣ ਨਾਲ ਹੋਈ। ਇਸ ਦੌਰਾਨ ਵਿਦਿਆਰਥੀਆਂ ਦੁਆਰਾ ਸਰਸਵਤੀ ਵੰਦਨਾ ਪੇਸ਼ ਕੀਤੀ ਗਈ। ਸ਼੍ਰੀ ਮਹਿਰਾ ਨੇ ਖੇਡ, ਸੱਭਿਆਚਾਰਕ ਗਤੀਵਿਧੀਆਂ, ਸਿੱਖਿਆ, ਐਨਐਸਐਸ ਸਹਿਤ ਭਿੰਨ ਭਿੰਨ ਖੇਤਰਾਂ ਵਿਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ। ਕੁੱਲ 10 ਵਿਦਿਆਰਥੀਆਂ ਨੂੰ ਰੋਲ ਆਫ ਆਨਰ, 57 ਨੂੰ ਕਾਲਜ਼ ਕਲਰ, 37 ਨੂੰ ਮੈਰਿਟ ਪ੍ਰਮਾਣ ਪੱਤਰ, 18 ਨੂੰ ਯੂਨੀਵਰਸਿਟੀ ਇਨਾਮ ਅਤੇ 185 ਨੂੰ ਕਾਲਜ਼ ਅਕੈਡਮਿਕ ਇਨਾਮਾਂ ਨਾਲ ਨਿਵਾਜ਼ਿਆ ਗਿਆ।

ਵਿਦਿਆਰਥੀਆਂ ਨੂੰ ਉੱਚ ਕੋਟੀ ਦੀ ਸਿੱਖਿਆ ਪ੍ਰਦਾਨ ਕਰ ਕੇ ਉਹਨਾਂ ਦੀ ਜਿੰਦਗੀ ਵਿਚ ਰੋਸ਼ਨੀ ਭਰਨ ਦੇ ਲਈ ਸ਼੍ਰੀ ਮਹਿਰਾ ਨੇ ਸਕੂਲ

ਪ੍ਰਬੰਧਨ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਉਹਨਾਂ ਨੇ ਕਿਹਾ ਕਿ ਇਹ ਬਹੁਤ ਜਰੂਰੀ ਹੈ ਕਿ ਬੱਚੇ ਸਿੱਖਿਆ ਦੇ ਨਾਲ ਨਾਲ ਹੋਰ ਗਤੀਵਿਧੀਆਂ ਵਿਚ ਵੀ ਭਾਗ ਲੈਣ।

ਸ਼੍ਰੀ ਮਹਿਰਾ ਨੇ ਅੱਗੇ ਕਿਹਾ ਕਿ ਚੰਡੀਗੜ੍ਹ ਹਮੇਸ਼ਾ ਤੋਂ ਹੀ ਇੱਕ ਤਰੀਕੇ ਵਾਲਾ ਅਤੇ ਸਿਹਤਮੰਦ ਸ਼ਹਿਰ ਰਿਹਾ ਹੈ ਇਸ ਵਿਸ਼ੇਸ਼ਤਾ ਨੂੰ ਬਣਾਏ ਰੱਖਣ ਦੇ ਲਈ ਪ੍ਰਸ਼ਾਸਨ ਕਾਫੀ ਯਤਨ ਕਰ ਰਿਹਾ ਹੈ। ਪਰ ਇਹ ਯਤਨ ਕੇਵਲ ਉਦੋਂ ਹੀ ਸਫਲ ਹੋਣਗੇ ਜਦੋਂ ਤੱਕ ਸ਼ਹਿਰ ਦੇ ਨਾਗਰਿਕ ਵੀ ਇਸ ਵਿਚ ਆਪਣਾ ਯੋਗਦਾਨ ਦੇਣਗੇ। ਇਸ ਮੌਕੇ ਤੇ ਕਾਲਜ਼ ਦੇ ਪ੍ਰਿੰਸੀਪਲ ਡਾ. ਜੇ.ਐਸ. ਰਘੂ ਨੇ ਕਾਲਜ਼ ਦੀਆਂ ਗਤੀਵਿਧੀਆਂ ਅਤੇ ਪ੍ਰੋਗਰਾਮਾਂ ਸੰਬੰਧੀ ਜਾਣਕਾਰੀ ਦਿੱਤੀ।